# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :19-11-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ -ਡਿਜੀਟਲ ਇੰਡੀਆ ਇੱਕ ਤਬਦੀਲੀ ਲਿਆਉਣ ਵਾਲੀ ਪਹਿਲ ਏ ਜਿਸਨੇ ਤਕਨਾਲੋਜੀ ਨੂੰ ਨਾਗਰਿਕਾਂ ਦੀ ਪਹੁੰਚ ਵਿੱਚ ਲਿਆ ਕੇ ਅਣਗਿਣਤ ਮੌਕਿਆਂ ਲਈ ਰਾਹ ਪੱਧਰਾ ਕੀਤਾ ਏ ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ PM- ਕਿਸਾਨ ਯੋਜਨਾ ਤਹਿਤ 21ਵੀਂ ਕਿਸ਼ਤ ਜਾਰੀ ਕੀਤੀ-ਪੰਜਾਬ ਦੇ ਕਿਸਾਨਾਂ ਨੂੰ ਵੀ ਮਿਲਿਆ ਲਾਭ ।
- ਗੈਂਗਸਟਰ ਅਨਮੋਲ ਬਿਸ਼ਨੋਈ ਨੂੰ ਅੱਜ ਅਮਰੀਕਾ ਤੋਂ ਹਵਾਲਗੀ ਮਗਰੋਂ ਭਾਰਤ ਵਾਪਸ ਲਿਆਂਦਾ ਗਿਆ ।

- ਨੀਤੀ ਆਯੋਗ ਅਤੇ ਕੇਂਦਰੀ ਜਲ ਕਮਿਸ਼ਨ ਦੀ ਇੱਕ ਟੀਮ ਵਲੋਂ ਪਿੰਡਾਂ ਵਿੱਚ ਮੀਂਹ ਦੇ ਪਾਣੀ ਦੀ ਸੰਭਾਲ ਬਾਰੇ ਪ੍ਰੋਜੈਕਟਾਂ ਦਾ ਜਾਇਜ਼ਾ ਲੈਣ ਲਈ ਕਪੂਰਥਲਾ ਜ਼ਿਲ੍ਹੇ ਦਾ ਦੌਰਾ।
- ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਵਲੋਂ ਮਾਮਲਿਆਂ ਦੇ ਸਮੇਂ ਸਿਰ ਨਿਪਟਾਰੇ ਅਤੇ ਕਮਿਸ਼ਨ ਦੇ ਕੰਮਕਾਜ ਵਿੱਚ ਸਮੁੱਚੀ ਕੁਸ਼ਲਤਾ ਨੂੰ ਯਕੀਨੀ ਬਣਾਉਣ ਲਈ, ਇੱਕ ਵੱਖਰੀ ਅਦਾਲਤ ਸਥਾਪਤ।
- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਵਿੱਚ ਪੰਚਾਇਤਾਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਪਿੰਡਾ ਦੇ ਵਿਕਾਸ ਕਾਰਜਾਂ ਬਾਰੇ ਸਮੀਖਿਆ ਕੀਤੀ।

## ਹੁਣ ਖਬਰਾਂ ਵਿਸਥਾਰ ਨਾਲ

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਡਿਜੀਟਲ ਇੰਡੀਆ ਇੱਕ ਤਬਦੀਲੀ ਲਿਆਉਣ ਵਾਲੀ  ਪਹਿਲ ਏ ਜਿਸਨੇ ਤਕਨਾਲੋਜੀ ਨੂੰ ਨਾਗਰਿਕਾਂ ਦੀ ਪਹੁੰਚ ਵਿੱਚ ਲਿਆ ਕੇ ਅਣਗਿਣਤ ਮੌਕਿਆਂ ਲਈ ਰਾਹ ਪੱਧਰਾ ਕੀਤਾ ਏ। ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਤਕਨਾਲੋਜੀ

ਸੰਸਥਾਨ-NIT ਦੇ 5ਵੇਂ ਸਾਲਾਨਾ ਕਨਵੋਕੇਸ਼ਨ ਨੂੰ ਸੰਬੋਧਨ ਕਰਦਿਆਂ, ਰਾਸ਼ਟਰਪਤੀ ਨੇ ਕਿਹਾ ਕਿ ਬਰਾਬਰ ਮੌਕੇ ਪ੍ਰਦਾਨ ਕਰਨ ਲਈ, ਦੇਸ਼ ਦੇ ਦੂਰ-ਦੁਰਾਡੇ ਖੇਤਰਾਂ ਵਿੱਚ ਵੀ ਤੇਜ਼ ਇੰਟਰਨੈੱਟ ਸੇਵਾ ਅਤੇ ਨਵੀਂ ਤਕਨਾਲੋਜੀ ਉਪਲਬਧ ਕਰਵਾਈ ਜਾ ਰਹੀ ਏ। ਉਨ੍ਹਾਂ ਕਿਹਾ ਕਿ NIT ਵਰਗੇ ਸੰਸਥਾਨ ਆਦਰਸ਼ ਡਿਜੀਟਲ ਪਿੰਡ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੇ ਨੇ । ਰਾਸ਼ਟਰਪਤੀ ਨੇ ਵਿਦਿਆਰਥੀਆਂ ਨੂੰ ਨਵੀਆਂ ਦਿਸ਼ਾਵਾਂ ਵਿੱਚ ਸੋਚਣ ਅਤੇ ਉਨ੍ਹਾਂ ਤਕਨਾਲੋਜੀਆਂ ਦੀ ਪੜਚੋਲ ਕਰਨ ਦੀ ਅਪੀਲ ਕੀਤੀ ਜੋ ਅਜੇ ਮੌਜੂਦ ਨਹੀਂ ਹਨ । ਰਾਸ਼ਟਰਪਤੀ ਨੇ ਕਿਹਾ ਕਿ ਦੇਸ਼ ਬਹੁਤ ਉਤਸ਼ਾਹ ਅਤੇ ਭਰੋਸੇ ਨਾਲ ਇੱਕ ਵਿਕਸਤ ਭਾਰਤ ਦੇ ਟੀਚੇ ਵੱਲ ਵਧ ਰਿਹਾ ਏ। ਉਨ੍ਹਾਂ ਇਹ ਵੀ ਦੱਸਿਆ ਕਿ ਦੇਸ਼ ਵਿਸ਼ਵ-ਵਿਆਪੀ ਜਲਵਾਯੂ ਸੰਕਟ ਨਾਲ ਨਜਿੱਠਣ ਵਿੱਚ ਮੋਹਰੀ ਯੋਗਦਾਨ ਪਾ ਰਿਹਾ ਏ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਤਾਮਿਲਨਾਡੂ ਦੇ ਕੋਇੰਬਟੂਰ ਵਿੱਚ PM-ਕਿਸਾਨ ਯੋਜਨਾ ਤਹਿਤ 21ਵੀਂ ਕਿਸ਼ਤ ਜਾਰੀ ਕੀਤੀ।

ਦੇਸ਼ ਭਰ ਦੇ 9 ਕਰੋੜ ਕਿਸਾਨਾਂ ਦੀ ਸਹਾਇਤਾ ਲਈ 18 ਹਜ਼ਾਰ ਕਰੋੜ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਏ । ਪ੍ਰਧਾਨ ਮੰਤਰੀ ਨੇ ਕੋਇੰਬਟੂਰ ਵਿੱਚ ਦੱਖਣੀ ਭਾਰਤੀ ਕੁਦਰਤੀ ਖੇਤੀ ਸੰਮੇਲਨ ਵਿੱਚ ਵੀ ਹਿੱਸਾ ਲਿਆ। ਇਸ ਮੌਕੇ ਸ਼੍ਰੀ ਮੋਦੀ ਨੇ ਕਿਹਾ ਕਿ ਪਿਛਲੇ 11 ਸਾਲਾਂ ਵਿੱਚ ਖੇਤੀਬਾੜੀ ਖੇਤਰ ਵਿੱਚ ਇੱਕ ਤਬਦੀਲੀ ਆਈ ਏ। ਉਨ੍ਹਾਂ ਕਿਹਾ ਕਿ ਦੇਸ਼ ਕੁਦਰਤੀ ਖੇਤੀ ਲਈ ਇੱਕ ਆਲਮੀ ਕੇਂਦਰ ਬਣ ਗਿਆ ਏ ।

BYTE

ਉਨ੍ਹਾਂ ਕਿਹਾ ਕਿ ਖੇਤੀਬਾੜੀ ਬਰਾਮਦ ਦੁੱਗਣੀ ਹੋ ਗਈ ਏ ਅਤੇ ਸਰਕਾਰ ਨੇ ਖੇਤੀ ਅਭਿਆਸਾਂ ਨੂੰ ਆਧੁਨਿਕ ਬਣਾਉਣ ਲਈ ਕਦਮ ਚੁੱਕੇ ਨੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ 10 ਲੱਖ ਕਰੋੜ ਤੋਂ ਵੱਧ ਦੇ ਕਿਸਾਨ ਕ੍ਰੈਡਿਟ ਕਾਰਡਾਂ ਤੋਂ ਲਾਭ ਹੋਇਆ ਏ।

BYTE

---------------------------------------------------

ਓਧਰ ਮੁਹਾਲੀ ਜ਼ਿਲ੍ਹੇ ਦੇ ਪਿੰਡ ਚੋਲਟਾ ਕਲਾਂ ਦੇ ਕਿਸਾਨ ਸੁਰਜੀਤ ਰਾਣਾ

ਬੂਟਾ ਨੇ ਕਿਸ਼ਤ ਜਾਰੀ ਕਰਨ ਲਈ ਕੇਂਦਰ ਸਰਕਾਰ ਦਾ ਸ਼ੁਕਰਿਆ ਅਦਾ ਕਰਦਿਆਂ ਕਿਹਾ।

BYTE

---------------------------------------------------

ਗੈਂਗਸਟਰ ਅਨਮੋਲ ਬਿਸ਼ਨੋਈ ਨੂੰ ਅੱਜ ਅਮਰੀਕਾ ਤੋਂ ਹਵਾਲਗੀ ਮਗਰੋਂ ਭਾਰਤ ਵਾਪਸ ਲਿਆਂਦਾ ਗਿਆ ਏ। ਗੈਂਗਸਟਰ ਲਾਰੈਂਸ ਬਿਸ਼ਨੋਈ ਦੇ ਭਰਾ ਅਤੇ ਕਰੀਬੀ ਸਾਥੀ ਅਨਮੋਲ ਬਿਸ਼ਨੋਈ ਨੂੰ ਰਾਸ਼ਟਰੀ ਜਾਂਚ ਏਜੰਸੀ NIA ਨੇ ਗ੍ਰਿਫ਼ਤਾਰ ਕਰ ਲਿਆ ਏ। ਏਜੰਸੀ ਨੇ ਦੱਸਿਆ ਕਿ ਅਮਰੀਕਾ ਵਿੱਚ ਰਹਿਣ ਵਾਲਾ ਅਨਮੋਲ ਬਿਸ਼ਨੋਈ ਸਾਲ 2022 ਤੋਂ ਫਰਾਰ ਸੀ। ਉਹ ਆਪਣੇ ਜੇਲ੍ਹ ਵਿੱਚ ਬੰਦ ਭਰਾ ਲਾਰੈਂਸ ਬਿਸ਼ਨੋਈ ਦੀ ਅਗਵਾਈ ਵਾਲੇ ਦਹਿਸ਼ਤਗਰਦੀ ਗਿਰੋਹ ਵਿੱਚ ਸ਼ਾਮਲ ਹੋਣ ਲਈ ਗ੍ਰਿਫ਼ਤਾਰ ਕੀਤਾ ਗਿਆ 19ਵਾਂ ਦੋਸ਼ੀ ਏ। ਏਜੰਸੀ ਨੇ ਦੱਸਿਆ ਕਿ ਐਨ.ਆਈ.ਏ ਨੇ ਮਾਰਚ 2023 ਵਿੱਚ ਅਨਮੋਲ ਖਿਲਾਫ ਚਾਰਜਸ਼ੀਟ ਦਾਇਰ ਕੀਤੀ ਸੀ। ਏਜੰਸੀ ਨੇ ਕਿਹਾ ਕਿ ਬਿਸ਼ਨੋਈ ਗਿਰੋਹ ਦੇ ਵੱਖ-ਵੱਖ ਸਾਥੀਆਂ ਨਾਲ ਮਿਲ ਕੇ ਕੰਮ ਕਰਦੇ ਹੋਏ, ਅਨਮੋਲ ਨੇ ਅਮਰੀਕਾ ਤੋਂ

ਲਾਰੈਂਸ ਬਿਸ਼ਨੋਈ ਗਿਰੋਹ ਲਈ ਇੱਕ ਦਹਿਸ਼ਤਗਰਦੀ ਸਿੰਡੀਕੇਟ ਚਲਾਇਆ ਅਤੇ ਜ਼ਮੀਨੀ ਪੱਧਰ 'ਤੇ ਆਪਣੇ ਕਾਰਕੁਨਾਂ ਦੀ ਵਰਤੋਂ ਕਰਕੇ ਦਹਿਸ਼ਤਗਰਦੀ ਗਤੀਵਿਧੀਆਂ ਨੂੰ ਅੰਜਾਮ ਦਿੱਤਾ।

---------------------------------------------------

ਨੀਤੀ ਆਯੋਗ ਅਤੇ ਕੇਂਦਰੀ ਜਲ ਕਮਿਸ਼ਨ ਦੀ ਇੱਕ ਟੀਮ ਨੇ ਪਿੰਡਾਂ ਵਿੱਚ ਮੀਂਹ ਦੇ ਪਾਣੀ ਦੀ ਸੰਭਾਲ ਦੇ ਪ੍ਰੋਜੈਕਟਾਂ ਦਾ ਜਾਇਜ਼ਾ ਲੈਣ ਲਈ ਅੱਜ ਕਪੂਰਥਲਾ ਜ਼ਿਲ੍ਹੇ ਦਾ ਦੌਰਾ ਕੀਤਾ । ਟੀਮ ਵਿੱਚ ਨੀਤੀ ਆਯੋਗ ਦੇ ਡਾਇਰੈਕਟਰ ਅਮਿਤ ਵਰਮਾ ਅਤੇ ਕੇਂਦਰੀ ਜਲ ਕਮਿਸ਼ਨ ਦੇ ਡਿਪਟੀ ਡਾਇਰੈਕਟਰ ਬ੍ਰਿਜੇਸ਼ ਸਿੰਘ ਸਤਿਆਲ ਸ਼ਾਮਲ ਸਨ। ਉਨ੍ਹਾਂ ਨੇ ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨਾਲ ਮੁਲਾਕਾਤ ਕੀਤੀ ਅਤੇ ਕਪੂਰਥਲਾ ਜ਼ਿਲ੍ਹੇ ਦੇ ਪਿੰਡਾਂ ਬਿਜਲੀ ਨੰਗਲ, ਡੱਲਾ, ਹਮੀਰਾ, ਮਸਿਤਾਨ ਅਤੇ ਨੱਥੂ ਚਾਹਲ ਦਾ ਦੌਰਾ ਕਰਕੇ ਪਾਣੀ ਦੀ ਸੰਭਾਲ ਦੇ ਪ੍ਰੋਜੈਕਟਾਂ ਦਾ ਨਿਰੀਖਣ ਕੀਤਾ। ਨੀਤੀ ਆਯੋਗ ਦੇ ਡਾਇਰੈਕਟਰ ਅਮਿਤ ਵਰਮਾ ਨੇ ਕਿਹਾ ਕਿ ਤੇਜ਼ੀ ਨਾਲ ਘਟ ਰਹੇ ਜ਼ਮੀਨ ਹੇਠਲੇ ਪੱਧਰ ਦੇ ਮੱਦੇਨਜ਼ਰ ਮੀਂਹ ਦੇ ਪਾਣੀ ਦੀ ਸੰਭਾਲ ਬਹੁਤ

ਮਹੱਤਵਪੂਰਨ ਏ। ਇਸ ਨੂੰ ਧਿਆਨ ਵਿੱਚ ਰੱਖਦੇ ਹੋਏ, ਨੀਤੀ ਆਯੋਗ ਨੇ ਦੇਸ਼ ਭਰ ਵਿੱਚ ਨੀਤੀ ਵਿਕਾਸ ਦੇ ਹਿੱਸੇ ਵਜੋਂ ਅਜਿਹੇ ਪ੍ਰੋਜੈਕਟਾਂ ਨੂੰ ਤਰਜੀਹ ਦਿੱਤੀ ਏ। ਕੇਂਦਰੀ ਜਲ ਕਮਿਸ਼ਨ ਦੇ ਡਿਪਟੀ ਡਾਇਰੈਕਟਰ ਨੇ ਕਿਹਾ ਕਿ ਜਲ ਜੀਵਨ ਮਿਸ਼ਨ ਤਹਿਤ, ਪਾਣੀ ਦੀ ਸੰਭਾਲ ਵਿੱਚ ਜਨਤਕ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਲਈ ਜ਼ਮੀਨੀ ਪੱਧਰ 'ਤੇ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਇਸ ਮੌਕੇ 'ਤੇ ਵਧੀਕ ਡਿਪਟੀ ਕਮਿਸ਼ਨਰ ਵਰਿੰਦਰਪਾਲ ਸਿੰਘ ਬਾਜਵਾ ਨੇ ਕਿਹਾ ਕਿ ਕਪੂਰਥਲਾ ਜ਼ਿਲ੍ਹੇ ਦੇ ਪਿੰਡਾਂ ਵਿੱਚ ਪਾਣੀ ਦੀ ਸੰਭਾਲ ਲਈ ਕਈ ਪ੍ਰੋਜੈਕਟ ਲਾਗੂ ਕੀਤੇ ਗਏ ਹਨ, ਜੋ ਸਫਲਤਾਪੂਰਵਕ ਚੱਲ ਰਹੇ ਨੇ।

---------------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀ ਬਾਰੇ ਕਮਿਸ਼ਨ ਨੇ ਤੇਜ਼ ਸੁਣਵਾਈ, ਮਾਮਲਿਆਂ ਦੇ ਵੇਲੇ ਸਿਰ ਨਿਪਟਾਰੇ ਅਤੇ ਕਮਿਸ਼ਨ ਦੇ ਕੰਮ-ਕਾਜ ਵਿਚ ਮੁਹਾਰਤ ਯਕੀਨੀ ਬਣਾਉਣ ਲਈ ਵੱਖਰੀ ਅਦਾਲਤ ਸਥਾਪਿਤ ਕੀਤੀ ਏ। ਇਹ ਦੇਸ਼ ਵਿਚ ਕਿਸੇ ਵੀ ਸੂਬਾਈ ਅਨੁਸੂਚਿਤ ਜਾਤੀ ਕਮਿਸ਼ਨ ਅਧੀਨ ਆਪਣੀ ਕਿਸਮ ਦੀ ਪਹਿਲੀ ਫਲ ਦਸੀ ਜਾ ਰਹੀ ਏ।

ਲੋਕਾਂ ਦੇ ਸਮੇਂ ਤੇ ਖਰਚਿਆਂ ਨੂੰ ਬਚਾਉਣ ਲਈ, ਆਧੁਨਿਕ ਸਹੂਲਤਾਂ ਨਾਲ ਲੈਸ ਇਕ ਆਨਲਾਈਨ ਅਦਾਲਤੀ ਪ੍ਰਣਾਲੀ ਵੀ ਜਲਦੀ ਸ਼ੁਰੂ ਕੀਤੀ ਜਾਵੇਗੀ । ਇਸ ਨਾਲ ਸ਼ਿਕਾਇਤਕਰਤਾ ਵਰਚੁਅਲ ਤੌਰ 'ਤੇ ਪੇਸ਼ ਹੋ ਸਕਣਗੇ। ਕਮਿਸ਼ਨ ਦੇ ਚੇਅਰਮੈਨ, ਜਸਵੀਰ ਸਿੰਘ ਗੜ੍ਹੀ ਨੇ ਕਿਹਾ ਏ ਕਿ ਨਵਾਂ ਕੋਰਟ ਰੂਮ ਲੋਕਾਂ ਨੂੰ ਵੇਲੇ ਸਿਰ ਇਨਸਾਫ਼ ਮੁਹੱਈਆ ਕਰਵਾਉਣ ਵਿਚ ਅਹਿਮ ਭੂਮਿਕਾ ਨਿਭਾਏਗਾ । ਇਹ ਪਹਿਲ, ਅਨੁਸੂਚਿਤ ਜਾਤੀ ਭਾਈਚਾਰੇ ਦੇ ਹੱਕਾਂ ,ਮਾਣ ਸਨਮਾਨ ਦੀ ਰਾਖੀ ਤੇ ਬਰਾਬਰੀ ਦੇ ਸਿਧਾਂਤਾਂ ਨੂੰ ਕਾਇਮ ਰੱਖਣ ਲਈ ਕੀਤੀ ਗਈ ਏ।

-----------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਪਿੰਡਾਂ ਦੀਆਂ ਪੰਚਾਇਤਾਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਪਿੰਡਾ ਦੇ ਵਿਕਾਸ ਕਾਰਜਾਂ ਬਾਰੇ ਪਿੰਡ ਪੱਧਰ ‘ਤੇ ਆ ਰਹੀਆਂ ਮੁੱਖ ਸਮੱਸਿਆਵਾਂ ਅਤੇ ਚੱਲ ਰਹੇ ਵਿਕਾਸ ਕਾਰਜਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ । ਸਿਹਤ ਮੰਤਰੀ ਨੇ ਪਿੰਡਾਂ ਵਿੱਚ ਛੱਪੜਾਂ ਦੀ ਸਫਾਈ, ਥਾਪਰ ਮਾਡਲ

ਲਾਗੂ ਕਰਨ, ਸੜਕਾਂ ਦੀ ਮਰੰਮਤ, ਪੀਣ ਵਾਲੇ ਪਾਣੀ ਦੀ ਗੁਣਵੱਤਾ, ਸਟਰੀਟ ਲਾਈਟਾਂ ਦੀ ਸਹੂਲਤ, ਬਰਸਾਤੀ ਪਾਣੀ ਕਾਰਨ ਫੈਲਣ ਵਾਲੀਆਂ ਬਿਮਾਰੀਆਂ ਤੋਂ ਸੁਰੱਖਿਆ ਅਤੇ ਨਹਿਰੀ ਪਾਣੀ ਦੀ ਵਰਤੋਂ ਵਰਗੇ ਮੁੱਦਿਆਂ 'ਤੇ ਵਿਭਾਗਾਂ ਨੂੰ ਸਮਾਂਬੱਧ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਡਾ. ਬਲਬੀਰ ਸਿੰਘ ਨੇ ਪਿੰਡ ਵਾਸੀਆਂ ਤੋਂ ਵਿਕਾਸ ਕਾਰਜਾਂ ਨੂੰ ਹੋਰ ਸੁਧਾਰਨ ਲਈ ਸੁਝਾਅ ਵੀ ਮੰਗੇ। ਇਸ ਦੌਰਾਨ ਬਰਸਾਤੀ ਪਾਣੀ ਦੀ ਸਮੱਸਿਆ ਦੇ ਹੱਲ ਅਤੇ ਨਵੀਆਂ ਕਲੋਨੀਆਂ ਵਿੱਚ ਪਾਣੀ ਤੇ ਸੀਵਰੇਜ ਨਾਲ ਸੰਬੰਧਤ ਮੁੱਦਿਆਂ ਨੂੰ ਜਲਦ ਸੁਲਝਾਉਣ ਲਈ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਜਾਰੀ ਕੀਤੀ ਗਈ। ਇਸ ਮੌਕੇ ਵੱਖ ਵੱਖ ਪਿੰਡਾਂ ਦੇ ਨੁਮਾਇੰਦੇ ਅਤੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਮੁਲਾਜ਼ਮ ਵੀ ਮੌਜੂਦ ਰਹੇ।

-------------------------------------------------------

ਪੰਜਾਬ ਦੇ ਕੈਬਨਿਟ ਮੰਤਰੀ, ਗੁਰਮੀਤ ਸਿੰਘ ਖੁੱਡੀਆਂ ਨੇ ਲੰਬੀ ਹਲਕੇ ਦੇ ਪਿੰਡ ਮਿੱਠੜੀ ਬੁਧਗਿਰ ਅਤੇ ਸ਼ੇਰੇਵਾਲਾ ਵਿਖੇ ਇਕ ਕਰੋੜ 41 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਦੇ ਕੰਮਾਂ ਦੀ ਸ਼ੁਰੂਆਤ

ਕਰਵਾਈ। ਮੰਤਰੀ ਨੇ ਦੱਸਿਆ ਕਿ ਪਿੰਡ ਵਿਖੇ ਲੋਕਾਂ ਨੂੰ ਪੀਣ ਲਈ ਸਾਫ਼ ਪਾਣੀ ਮੁਹੱਈਆ ਕਰਵਾਉਣ ਲਈ ਵਾਟਰ ਵਰਕਸ ਦੀ ਪਾਈਪ ਲਾਈਨ ਦੀ ਸ਼ੁਰੂਆਤ ਕੀਤੀ ਜਾ ਰਹੀ ਏ ਜਿਸ ਉੱਤੇ 10 ਲੱਖ ਰੁਪਏ ਦੀ ਖਰਚ ਆਵੇਗਾ ਅਤੇ ਇਸ ਦੇ ਨਾਲ ਹੀ ਨੌਜਵਾਨਾਂ ਨੂੰ ਖੇਡਾਂ ਦੇ ਨਾਲ ਜੋੜਨ ਲਈ ਪਿੰਡ ਵਿੱਚ 29 ਲੱਖ ਰੁਪਏ ਦੀ ਲਾਗਤ ਨਾਲ ਖੇਡ ਸਟੇਡੀਅਮ ਬਣਾਇਆ ਜਾ ਰਿਹਾ ਏ । ਉਨ੍ਹਾਂ ਦੱਸਿਆ ਕਿ ਹਲਕੇ ਦੇ ਪਿੰਡ ਸ਼ੇਰੇਵਾਲਾ ਵਿਖੇ ਐਸ.ਸੀ. ਭਾਈਚਾਰੇ ਦੀ ਕਲੋਨੀ ਲਈ 16 ਲੱਖ ਰੁਪਏ ਦੀ ਲਾਗਤ ਨਾਲ ਪਾਣੀ ਦੀ ਪਾਈਪ ਲਾਈਨ ਦੀ ਸ਼ੁਰੂਆਤ ਕੀਤੀ ਜਾ ਰਹੀ ਏ ਅਤੇ ਇਸਦੇ ਨਾਲ ਹੀ ਪਿੰਡ ਵਿੱਚ 30 ਲੱਖ ਰੁਪਏ ਦੀ ਲਾਗਤ ਨਾਲ ਖੇਡ ਸਟੇਡੀਅਮ ਬਣਨ ਜਾ ਰਿਹਾ ਏ । ਇਸ ਤੋਂ ਇਲਾਵਾ ਸ਼ੇਰੇਵਾਲਾ ਤੋਂ ਪਿੰਡ ਖੇਮਾ ਖੇੜਾ ਤੱਕ ਸੜਕ ਦੀ ਮੁਰੰਮਤ ਲਈ 56 ਲੱਖ ਰੁਪਏ ਦੀ ਲਾਗਤ ਨਾਲ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਸਾਰੇ ਕੰਮ, ਪਿੰਡਾਂ ਦੇ ਵਿਕਾਸ ਲਈ ਇੱਕ ਵੱਡਾ ਕਦਮ ਨੇ ।

---------------------------------------------------

ਪੰਜਾਬ ਸਰਕਾਰ, ਸੂਬੇ ਦੀਆਂ ਕੰਮਕਾਜੀ ਮਹਿਲਾਵਾਂ ਨੂੰ ਸੁਰੱਖਿਅਤ ਤੇ

ਸੁਵਿਧਾਜਨਕ ਰਿਹਾਇਸ਼ ਮੁਹੱਈਆ ਕਰਵਾਉਣ ਲਈ ਸਰਕਾਰ ਵੱਲੋਂ ਵੱਡੇ ਕਦਮ ਚੁੱਕ ਰਹੀ ਏ। ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 150 ਕਰੋੜ ਰੁਪਏ ਦੀ ਲਾਗਤ ਨਾਲ 5 ਵਰਕਿੰਗ ਵੂਮੈਨ ਹੋਸਟਲ ਬਣਾਏ ਜਾ ਰਹੇ ਨੇ , ਜੋ ਮੋਹਾਲੀ, ਅੰਮ੍ਰਿਤਸਰ ਅਤੇ ਜਲੰਧਰ ਵਿੱਚ ਸਥਾਪਿਤ ਹੋਣਗੇ। ਉਨ੍ਹਾਂ ਦੱਸਿਆ ਕਿ ਮੋਹਾਲੀ ਵਿੱਚ 3, ਜਦਕਿ ਅੰਮ੍ਰਿਤਸਰ ਅਤੇ ਜਲੰਧਰ ਵਿੱਚ ਇੱਕ-ਇੱਕ ਹੋਸਟਲ ਬਣੇਗਾ। ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਪ੍ਰੋਜੈਕਟ ਸੂਬੇ ਦੀਆਂ ਔਰਤਾਂ ਲਈ ਸੁਰੱਖਿਅਤ, ਕਿਫਾਇਤੀ ਅਤੇ ਆਧੁਨਿਕ ਰਿਹਾਇਸ਼ੀ ਬਦਲ ਉਪਲਬਧ ਕਰਵਾਉਣ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਏ , ਜਿਸ ਨਾਲ ਹਜ਼ਾਰਾਂ ਕੰਮਕਾਜੀ ਮਹਿਲਾਵਾਂ ਨੂੰ ਸਿੱਧਾ ਲਾਭ ਮਿਲੇਗਾ। ਉਨ੍ਹਾਂ ਦੱਸਿਆ ਕਿ ਇਹ ਹੋਸਟਲ ਸਿਰਫ਼ ਰਿਹਾਇਸ਼ ਤੱਕ ਸੀਮਿਤ ਨਹੀਂ ਹੋਣਗੇ, ਸਗੋਂ ਇਨ੍ਹਾਂ ਵਿੱਚ ਸੁਰੱਖਿਆ ਦੇ ਮਜ਼ਬੂਤ ਪ੍ਰਬੰਧ, ਬੁਨਿਆਦੀ ਅਤੇ ਆਧੁਨਿਕ ਸੁਵਿਧਾਵਾਂ ਵੀ ਹੋਵੇਗੀ, ਤਾਂ ਜੋ ਮਹਿਲਾਵਾਂ ਲਈ ਇਹ ਸਫ਼ਰ ਹੋਰ ਵੀ ਸੁਖਾਲਾ ਬਣੇ।

-----------------------------------------------------------

ਪੰਜਾਬ ਸਰਕਾਰ ਵੱਲੋਂ 9ਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਵੱਖ-ਵੱਖ ਜ਼ਿਲ੍ਹਿਆਂ ਵਿੱਚ ਚਾਰ ਨਗਰ ਕੀਰਤਨ 20 ਤੋਂ 22 ਨਵੰਬਰ ਤੱਕ ਕੱਢੇ ਜਾ ਰਹੇ ਨੇ । ਇਸ ਸਮਾਗਮ ਦੀ ਪਵਿੱਤਰਤਾ ਅਤੇ ਸ਼ਰਧਾਲੂਆਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਨਮਾਨ ਕਰਦੇ ਹੋਏ ਇਹ ਯਕੀਨੀ ਬਣਾਉਣਾ ਜ਼ਰੂਰੀ ਏ ਕਿ ਨਗਰ ਕੀਰਤਨ ਦੇ ਰਸਤੇ ਵਿੱਚ ਕੋਈ ਵੀ ਅਜਿਹੀ ਗਤੀਵਿਧੀ ਨਾ ਹੋਵੇ ਜੋ ਮਰਿਆਦਾ ਨੂੰ ਭੰਗ ਕਰੇ। ਇਸ ਸਬੰਧ ਵਿੱਚ ਫ਼ਿਰੋਜ਼ਪੁਰ ਜ਼ਿਲ੍ਹਾ ਮੈਜਿਸਟਰੇਟ ਦੀਪਸ਼ਿਖਾ ਸ਼ਰਮਾ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ ਅਧੀਨ ਹੁਕਮ ਜਾਰੀ ਕੀਤਾ ਗਿਆ ਏ ਕਿ 20 ਨਵੰਬਰ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਵਸ ਦੇ ਮੌਕੇ ਨਿਕਲਣ ਵਾਲੇ ਨਗਰ ਕੀਰਤਨ ਦੌਰਾਨ ਜ਼ਿਲ੍ਹਾ ਫ਼ਿਰੋਜ਼ਪੁਰ ਦੀ ਹਦੂਦ ਅੰਦਰ ਆਂਡੇ, ਮੀਟ ਅਤੇ ਸ਼ਰਾਬ ਦੀਆਂ ਦੁਕਾਨਾਂ ਅਤੇ ਅਹਾਤੇ ਪੂਰੀ ਤਰ੍ਹਾਂ ਬੰਦ ਰਹਿਣਗੇ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ -ਡਿਜੀਟਲ ਇੰਡੀਆ ਇੱਕ ਤਬਦੀਲੀ ਲਿਆਉਣ ਵਾਲੀ ਪਹਿਲ ਏ ਜਿਸਨੇ ਤਕਨਾਲੋਜੀ ਨੂੰ ਨਾਗਰਿਕਾਂ ਦੀ ਪਹੁੰਚ ਵਿੱਚ ਲਿਆ ਕੇ ਅਣਗਿਣਤ ਮੌਕਿਆਂ ਲਈ ਰਾਹ ਪੱਧਰਾ ਕੀਤਾ ਏ ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ PM- ਕਿਸਾਨ ਯੋਜਨਾ ਤਹਿਤ 21ਵੀਂ ਕਿਸ਼ਤ ਜਾਰੀ ਕੀਤੀ-ਪੰਜਾਬ ਦੇ ਕਿਸਾਨਾਂ ਨੂੰ ਵੀ ਮਿਲਿਆ ਲਾਭ ।
- ਗੈਂਗਸਟਰ ਅਨਮੋਲ ਬਿਸ਼ਨੋਈ ਨੂੰ ਅੱਜ ਅਮਰੀਕਾ ਤੋਂ ਹਵਾਲਗੀ ਮਗਰੋਂ ਭਾਰਤ ਵਾਪਸ ਲਿਆਂਦਾ ਗਿਆ ।

- ਨੀਤੀ ਆਯੋਗ ਅਤੇ ਕੇਂਦਰੀ ਜਲ ਕਮਿਸ਼ਨ ਦੀ ਇੱਕ ਟੀਮ ਵਲੋਂ ਪਿੰਡਾਂ ਵਿੱਚ ਮੀਂਹ ਦੇ ਪਾਣੀ ਦੀ ਸੰਭਾਲ ਬਾਰੇ ਪ੍ਰੋਜੈਕਟਾਂ ਦਾ ਜਾਇਜ਼ਾ ਲੈਣ ਲਈ ਕਪੂਰਥਲਾ ਜ਼ਿਲ੍ਹੇ ਦਾ ਦੌਰਾ ।
- ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਵਲੋਂ ਮਾਮਲਿਆਂ ਦੇ ਸਮੇਂ ਸਿਰ ਨਿਪਟਾਰੇ ਅਤੇ ਕਮਿਸ਼ਨ ਦੇ ਕੰਮਕਾਜ ਵਿੱਚ ਸਮੁੱਚੀ

ਕੁਸ਼ਲਤਾ ਨੂੰ ਯਕੀਨੀ ਬਣਾਉਣ ਲਈ, ਇੱਕ ਵੱਖਰੀ ਅਦਾਲਤ ਸਥਾਪਤ।

- ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਵਿੱਚ ਪੰਚਾਇਤਾਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਪਿੰਡਾ ਦੇ ਵਿਕਾਸ ਕਾਰਜਾਂ ਬਾਰੇ ਸਮੀਖਿਆ ਕੀਤੀ।

-----------------------------------------------------

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**